ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ

ਕਰੋਨਾ ਦੇ ਸੰਕਟ ਦੌਰਾਨ ਨਰਸਿੰਗ ਸਟਾਫ ਦੀਆਂ ਸੇਵਾਵਾਂ ਸ਼ਲਾਘਾਯੋਗ: ਸਿਵਲ ਸਰਜਨ
 * ਸਿਵਲ ਹਸਪਤਾਲ ਵਿਖੇ ਕੇਕ ਕੱਟ ਕੇ ਮਨਾਇਆ ਕੌਮਾਂਤਰੀ ਨਰਸਜ਼ ਦਿਵਸ
ਬਰਨਾਲਾ, 12 ਮਈ
ਕਰੋਨਾ ਵਾਇਰਸ ਕਾਰਨ ਉਪਜੀ ਸੰਕਟ ਦੀ ਘੜੀ ਦੌਰਾਨ ਨਰਸਿੰਗ ਸਟਾਫ ਬੇਹੱਦ ਤਨਦੇਹੀ ਨਾਲ ਸੇਵਾਵਾਂ ਨਿਭਾਅ ਰਿਹਾ ਹੈ। ਇਹ ਪ੍ਰਗਟਾਵਾ ਸਿਵਲ ਸਰਜਨ ਬਰਨਾਲਾ ਡਾ. ਗੁਰਿੰਦਰਬੀਰ ਸਿੰਘ ਨੇ ਅੱਜ ਕੌਮਾਂਤਰੀ ਨਰਸਜ਼ ਦਿਵਸ ਮੌਕੇ ਕੀਤਾ। ਇਸ ਮੌਕੇ ਨਰਸਾਂ ਨੇ ਕੇਟ ਕੱਟ ਕੇ ਇਹ ਦਿਹਾੜਾ ਮਨਾਇਆ।
ਇਸ ਮੌਕੇ ਸਿਵਲ ਸਰਜਨ ਨੇ ਆਖਿਆ ਕਿ ਇਸ ਔਖੀ ਘੜੀ ਵਿਚ ਨਰਸਾਂ ਆਪਣੇ ਘਰਾਂ ਤੇ ਪਰਿਵਾਰਾਂ ਤੋਂ ਦੂਰ ਰਹਿ ਕੇ ਮਰੀਜ਼ਾਂ ਦੀ ਸੇਵਾ ਵਿਚ ਜੁਟੀਆਂ ਹੋਈਆਂ ਹਨ ਤੇ ਇਸ ਸੇਵਾ ਬਦੌਲਤ ਹੀ ਮਰੀਜ਼ ਸਿਹਤਯਾਬ ਹੋ ਕੇ ਘਰਾਂ ਨੂੰ ਜਾਂਦੇ ਹਨ। ਇਸ ਲਈ ਸਿਰਫ ਇਸ ਦਿਹਾੜੇ ਮੌਕੇ ਹੀ ਨਹੀਂ, ਹਰ ਦਿਨ ਨਰਸਿੰਗ ਸਟਾਫ ਨੂੰ ਸਲਾਮ ਕਰਦੇ ਹਾਂ। ਉਨ੍ਹਾਂ ਨਰਸਿੰਗ ਸਟਾਫ ਦੇ ਨੁਮਾਇੰਦਿਆਂ ਨੂੰ ਫੁੱਲਾਂ ਦੇ ਗੁਲਦਸਤੇ ਭੇਟ ਕੀਤੇ। ਇਸ ਮੌਕੇ ਕੇਕ ਕੱਟ ਕੇ ਨਰਸਾਂ ਦੀਆਂ ਸੇਵਾਵਾਂ ਨੂੰ ਸਲਾਹਿਆ ਗਿਆ। ਇਸ ਮੌਕੇ ਐਸਐਮਓ ਡਾ. ਤਪਿੰਦਰਜੋਤ ਕੌਸ਼ਲ, ਪਰਿਵਾਰ ਭਲਾਈ ਅਫਸਰ ਡਾ. ਲਖਵੀਰ ਕੌਰ ਤੇ ਨਰਸਾਂ ਹਾਜ਼ਰ ਸਨ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ
ਐਸਡੀਐਮ ਵੱਲੋਂ ਨਗਰ ਕੌਂਸਲ ਦੀ ਮਹਿਲਾ ਸਟਾਫ ਮੈਂਬਰ ਦਾ ਸਨਮਾਨ
 * ਏਕਾਂਤਵਾਸ ਕੇਂਦਰ ’ਚ ਡਿਊਟੀ ਦੌਰਾਨ ਲੱਗ ਗਈ ਸੀ ਸੱਟ
 * ਅਨਮੋਲ ਸਿੰਘ ਧਾਲੀਵਾਲ ਨੇ ਘਰ ਪੁੱਜ ਕੇ ਪੁੱਛਿਆ ਹਾਲ, ਪ੍ਰਸ਼ੰਸਾ ਪੱਤਰ ਸੌਂਪਿਆ

ਬਰਨਾਲਾ, 12 ਮਈ
ਜ਼ਿਲ੍ਹਾ ਪ੍ਰਸ਼ਾਸਨ ਬਰਨਾਲਾ ਵੱਲੋਂ ਬਣਾਏ ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਇਕਾਂਤਵਾਸ ਕੇਂਦਰ ਵਿਚ ਨਗਰ ਕੌਂਸਲ ਬਰਨਾਲਾ ਦੇ ਸਮੂਹ ਸਟਾਫ ਵੱਲੋਂ 24 ਘੰਟੇ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਇਸ ਦੌਰਾਨ ਡਿਊਟੀ ਨਿਭਾਉਂਦਿਆਂ ਨਗਰ ਕੌਂਸਲ ਸਟਾਫ ਦੀ ਕਲਰਕ ਗੁਰਮੀਤ ਕੌਰ ਦੇ ਪਿਛਲੇ ਦਿਨੀਂ ਸੱਟ ਲੱਗ ਗਈ ਸੀ, ਜਿਸ ਦਾ ਅੱਜ ਉਪ ਮੰਡਲ ਮੈਜਿਸਟ੍ਰੇਟ ਬਰਨਾਲਾ ਕਮ ਪ੍ਰਸ਼ਾਸਕ ਨਗਰ ਕੌਂਸਲ ਬਰਨਾਲਾ ਅਨਮੋਲ ਸਿੰਘ ਧਾਲੀਵਾਲ ਨੇ ਘਰ ਪੁੱਜ ਕੇ ਹਾਲ ਪੁੱਛਿਆ।
ਇਸ ਮੌਕੇ ਸ. ਧਾਲੀਵਾਲ ਨੇ ਆਖਿਆ ਕਿ ਨਗਰ ਕੌਂਸਲ ਸਟਾਫ ਏਕਾਂਤਵਾਸ ਕੇਂਦਰਾਂ ਵਿਚ ਅਣਥੱਕ ਸੇਵਾਵਾਂ ਨਿਭਾਅ ਰਿਹਾ ਹੈ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਦੇ ਨਿਰਦੇਸ਼ਾਂ ਅਨੁਸਾਰ ਪੂਰੇ ਸਟਾਫ ਦਾ ਮਨੋਬਲ ਵਧਾਇਆ ਜਾ ਰਿਹਾ ਹੈ। ਉਹ ਅੱਜ ਕਲਰਕ ਗੁਰਮੀਤ ਕੌਰ ਦਾ ਹਾਲ ਪੁੱਛਣ ਪੁੱਜੇ, ਜਿਨ੍ਹਾਂ ਦੇ ਪਿਛਲੇ ਦਿਨੀਂ ਡਿਊਟੀ ਦੌਰਾਨ  ਬਾਂਹ ’ਤੇ ਫਰੈਕਚਰ ਹੋ ਗਿਆ ਸੀ। ਸ੍ਰੀ ਧਾਲੀਵਾਲ ਨੇ ਗੁਰਮੀਤ ਕੌਰ ਨੂੰ ਗੁਲਦਸਤਾ ਅਤੇ ਫਲਾਂ ਦੀ ਟੋਕਰੀ ਭੇਟ ਕੀਤੀ ਅਤੇ ਛੇਤੀ ਸਿਹਤਯਾਬ ਹੋਣ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਉਨ੍ਹਾਂ ਨੂੰ ਡਿਪਟੀ ਡਾਇਰੈਕਟਰ ਸਥਾਨਕ ਸਰਕਾਰਾਂ ਵਿਭਾਗ ਜਸ਼ਨਪ੍ਰੀਤ ਕੌਰ ਗਿੱਲ ਵੱਲੋਂ ਭੇਜਿਆ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ, ਜਿਸ ਵਿਚ ਗੁਰਮੀਤ ਕੌਰ ਦੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਗਈ ਹੈ।
ਇਸ ਮੌਕੇ ਕਾਰਜਸਾਧਕ ਅਫਸਰ ਮਨਪ੍ਰੀਤ ਸਿੰਘ ਸਿੱਧੂ, ਸੁਪਰਡੈਂਟ ਹਰਪ੍ਰੀਤ ਸਿੰਘ, ਈਐਮਈ ਇੰਦਰਜੀਤ ਸਿੰਘ  ਹਾਜ਼ਰ ਸਨ। ਇਸ ਮੌਕੇ ਗੁਰਮੀਤ ਕੌਰ ਦੇ ਪਰਿਵਾਰ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦਾ ਧੰਨਵਾਦ ਕੀਤਾ ਗਿਆ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ

ਐਨਐਸਐਸ ਵਲੰਟੀਅਰ ਪੁਲੀਸ-ਪ੍ਰਸ਼ਾਸ਼ਨ ਨਾਲ ਵੀ ਨਿਭਾਉਣਗੇ ਸੇਵਾਵਾਂ
੍ਪਾਰਕਿੰਗ ਸਥਾਨਾਂ ਅਤੇ ਸਮਾਜਿਕ ਦੂਰੀ ਪ੍ਰਤੀ ਲੋਕਾਂ ਨੂੰ ਜਾਗਰੂਕ ਲਈ ਲਗਾਈਆਂ ਡਿਊਟੀਆਂ
ਸੁਰੱਖਿਆ ਕਿੱਟਾਂ ਅਤੇ ਮੈਡੀਕਲ ਚੈਕਅਪ ਮਗਰੋਂ ਕੀਤੇ ਰਵਾਨਾ
ਬਰਨਾਲਾ, 12 ਮਈ
ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਦੇ ਨਿਰਦੇਸ਼ਾਂ ਅਨੁਸਾਰ ਅਤੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਵਿਜਯ ਭਾਸਕਰ ਸ਼ਰਮਾ ਦੀ ਅਗਵਾਈ ਹੇਠ ਜ਼ਿਲ੍ਹੇ ਦੇ ਯੁਵਕ ਸੇਵਾਵਾਂ ਵਿਭਾਗ ਨਾਲ ਸਬੰਧਿਤ ਐਨ.ਐਸ.ਐਸ. ਵਲੰਟੀਅਰ ਅਤੇ ਕਲੱਬਾਂ ਦੇ ਨੁਮਾਇੰਦੇ ਜਿੱਥੇ ਸਿਵਲ ਪ੍ਰਸ਼ਾਸ਼ਨ ਦੇ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰ ਰਹੇ ਹਨ, ਉਥੇ ਐਸਐਸਪੀ ਸੰਦੀਪ ਗੋਇਲ ਦੀ ਅਗਵਾਈ ਵਿਚ ਪੁਲੀਸ ਨਾਲ ਵੀ ਸੇਵਾਵਾਂ ਨਿਭਾਉਣਗੇ।
ਇਨ੍ਹਾਂ ਵਲੰਟੀਅਰਾਂ ਦੀਆਂ ਬਰਨਾਲਾ ਵਿੱਚ ਵੱਖ ਵੱਖ ਥਾਵਾਂ ’ਤੇ ਪਾਰਕਿੰਗਾਂ ਅਤੇ ਸਮਾਜਿਕ ਦੂਰੀ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਹਿੱਤ ਡਿਊਟੀਆਂ ਲਗਾਈਆਂ ਗਈਆਂ ਹਨ।
ਇਨ੍ਹਾਂ ਡਿਊਟੀਆਂ ਦੀ ਵੰਡ ਕਰਦਿਆਂ ਐਸ.ਪੀ. (ਡੀ) ਸੁਖਦੇਵ ਸਿੰਘ ਵਿਰਕ, ਗੁਰਦੀਪ ਸਿੰਘ ਐਸ.ਪੀ. (ਐਚ) ਨੇ ਐਨ.ਐਸ.ਐਸ. ਵੰਲਟੀਅਰਾਂ ਨੂੰ ਟੀ-ਸ਼ਰਟ ਸਮੇਤ ਸੈਨੇਟਾਈਜ਼ਰ ਕਿੱਟ, ਪੁਲੀਸ ਸਟਿੱਕਰ ਆਦਿ ਸੌਂਪੇ। ਇਸ ਮੌਕੇ ਇਨ੍ਹਾਂ ਵਲੰਟੀਅਰਾਂ ਦਾ ਚੈਕਅੱਪ ਵੀ ਕੀਤਾ ਗਿਆ। ਇਸ ਮੌਕੇ ਸ੍ਰੀ ਵਿਰਕ ਨੇ ਵਲੰਟੀਅਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਡਿਊਟੀ ’ਤੇ ਤਾਇਨਾਤ ਹੋਣ ਉਪਰੰਤ ਜਿੱਥੇ ਜਨਤਾ ਨੂੰ ਜਾਗਰੂਕ ਕਰਨਾ ਹੈ, ਉਥੇ ਖੁਦ ਵੀ ਕਾਇਦੇ-ਕਾਨੂੰਨ ਅਤੇ ਨੇਮਾਂ ਦਾ ਪੂਰਾ ਖਿਆਲ ਰੱਖਣਾ ਹੈ।
ਉਨ੍ਹਾਂ ਆਖਿਆ ਕਿ ਇਨ੍ਹਾਂ ਐਨ.ਐਸ.ਐਸ. ਵਲੰਟੀਅਰਾਂ ਦੀਆਂ ਸੇਵਾਵਾਂ ਦੀ ਪੂਰੀ ਨਿਗਰਾਨੀ ਲਈ ਸੀ.ਆਈ.ਏ. ਇੰਚਾਰਜ ਬਲਜੀਤ ਸਿੰਘ ਦੀ ਅਗਵਾਈ ਹੇਠੀ ਪੁਲੀਸ ਪਾਰਟੀ ਨਿਯੁਕਤ ਕੀਤੀ ਗਈ ਹੈ। ਇਸ ਮੌਕੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਬਰਨਾਲਾ ਸ੍ਰੀ ਵਿਜਯ ਭਾਸਕਰ ਸ਼ਰਮਾ ਨੇ ਪੁਲੀਸ ਪ੍ਰਸ਼ਾਸਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਆਪਣੇ ਵਲੰਟੀਅਰਾਂ ’ਤੇ ਮਾਣ ਹੈ, ਜੋ ਇਸ ਔਖੀ ਘੜੀ ਵਿਚ ਅਣਥੱਕ ਸੇਵਾਵਾਂ ਨਿਭਾਅ ਰਹੇ ਹਨ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ
ਡਿਪਟੀ ਕਮਿਸ਼ਨਰ ਵੱਲੋ ਬਰਨਾਲਾ ਸ਼ਹਿਰ ਦੇ ਬਾਜ਼ਾਰਾਂ ਦਾ ਦੌਰਾ
* ਟ੍ਰੈਫਿਕ ਵਿਵਸਥਾ ਸੁਚਾਰੂ ਬਣਾਉਣ ਲਈ ਕੁਝ ਰਸਤੇ ਖੁੱਲ੍ਹਵਾਏ
* ਪੁਲੀਸ ਟੀਮਾਂ ਨੂੰ ਦਿੱਤੇ ਜ਼ਰੂਰੀ ਦਿਸ਼ਾ ਨਿਰਦੇਸ਼

ਬਰਨਾਲਾ, **12** ਮਈ
ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਵੱਲੋਂ ਅੱਜ ਬਰਨਾਲਾ ਸ਼ਹਿਰ ਦੇ ਸਦਰ ਬਾਜ਼ਾਰ ਦਾ ਦੌਰਾ ਕੀਤਾ ਗਿਆ ਤਾਂ ਜੋ ਕਰਫਿਊ ਦੌਰਾਨ ਸ਼ਹਿਰ ਦੇ ਬਾਜ਼ਾਰਾਂ ਦੇ ਹਾਲਾਤ ਦਾ ਜਾਇਜ਼ਾ ਲਿਆ ਜਾ ਸਕੇ। ਇਸ ਮੌਕੇ ਉਨ੍ਹਾਂ ਸ਼ਹਿਰ ਦੇ ਬਾਜ਼ਾਰਾਂ ਵਿਚ ਕੁਝ ਪਾਈਪਾਂ ਵੀ ਖੁੱਲ੍ਹਵਾਈਆਂ ਤਾਂ ਜੋ ਟ੍ਰੈਫਿਕ ਵਿਵਸਥਾ ਸੁਚਾਰੂ ਹੋ ਸਕੇ।
ਇਸ ਮੌਕੇ ਉਨ੍ਹਾਂ ਸਦਰ ਬਾਜ਼ਾਰ ਵਿਚ ਸੁਰੱਖਿਆ ਲਈ ਤਾਇਨਾਤ ਪੁਲੀਸ ਟੀਮ ਨਾਲ ਗੱਲਬਤ ਕੀਤੀ ਅਤੇ ਉਨ੍ਹਾਂ ਨੂੰ ਜ਼ਰੂਰੀ ਦਿਸ਼ਾ ਨਿਰਦੇਸ਼ ਵੀ ਦਿੱਤੀ। ਉਨ੍ਹਾਂ ਆਖਿਆ ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਦੀ ਰੌਸ਼ਨੀ ਵਿਚ ਦੁਕਾਨਾਂ ਲਈ ਰੋਟੇਸ਼ਨਲ ਸਮਾਂ ਸਾਰਨੀ ਨਿਰਧਾਰਿਤ ਕੀਤੀ ਗਈ।
ਇਸ ਮੌਕੇ ਉਨ੍ਹਾਂ ਟ੍ਰੈਫਿਕ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਮੌਕੇ ’ਤੇ ਵਪਾਰੀਆਂ ਅਤੇ ਦੁਕਾਨਦਾਰਾਂ ਨਾਲ ਵੀ ਗੱਲਬਾਤ ਕੀਤੀ। ਉਨ੍ਹਾਂ ਆਖਿਆ ਕਿ ਕਰੋਨਾ ਵਾਇਰਸ ਦੇ ਮੱਦੇਨਜ਼ਰ ਹੀ ਕੁਝ ਬੰਦਿਸ਼ਾਂ ਲਗਾਈਆਂ ਗਈਆਂ ਹਨ, ਜਿਸ ਵਾਸਤੇ ਸਾਰੇ ਜ਼ਿਲ੍ਹਾ ਵਾਸੀ ਪੂਰਾ ਸਹਿਯੋਗ ਦੇਣ। ਆਮ ਜਨਤਾ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ, ਇਸ ਵਾਸਤੇ ਜਿੱਥੇ ਸਿਵਲ ਤੇ ਪੁਲੀਸ ਪ੍ਰਸ਼ਾਸਨ ਡਟਿਆ ਹੋਇਆ ਹੈ, ਉਥੇ ਉਹ ਖੁਦ ਹਰ ਪੱਖ ’ਤੇ ਨਿਗਰਾਨੀ ਕਰ ਰਹੇ ਹਨ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ

**---ਕੌਮਾਂਤਰੀ ਨਰਸ ਦਿਵਸ----**
ਡਿਪਟੀ ਕਮਿਸ਼ਨਰ ਵੱਲੋਂ ਕਰੋਨਾ ਵਾਇਰਸ ਵਿਰੁੱਧ ਡਟੇ ਮੈਡੀਕਲ ਅਤੇ ਪੈਰਾ ਮੈਡੀਕਲ ਸਟਾਫ ਨੂੰ ਹੱਲਾਸ਼ੇਰੀ
 * ਸਿਵਲ ਹਸਪਤਾਲ ਪੁੱਜ ਕੇ ਡਾਕਟਰਾਂ, ਨਰਸਾਂ ਤੇ ਹੋਰ ਸਟਾਫ ਨਾਲ ਚਾਹ ਦਾ ਕੱਪ ਕੀਤਾ ਸਾਂਝਾ
*  ਨਰਸਾਂ ਨੂੰ ਕੌਮਾਂਤਰੀ ਨਰਸ ਦਿਵਸ ਦੀ ਵਧਾਈ ਦਿੰਦਿਆਂ ਸੇਵਾਵਾਂ ਦੀ ਕੀਤੀ ਸ਼ਲਾਘਾ
*੍ਸਿਹਤ ਅਮਲੇ ਦੀ ਤਨਦੇਹੀ ਸਦਕਾ ਜ਼ਿਲ੍ਹਾ ਬਰਨਾਲਾ ਵਿਚ ਸਥਿਤੀ ਕੰਟਰੋਲ ਹੇਠ: ਤੇਜ ਪ੍ਰਤਾਪ ਸਿੰਘ ਫੂਲਕਾ
ਬਰਨਾਲਾ, 12 ਮਈ
ਕਰੋਨਾ ਵਾਇਰਸ ਮਹਾਮਾਰੀ ਦੀ ਮੁਸ਼ਕਲ ਘੜੀ ਵਿਚ ਦਿਨ-ਰਾਤ ਸੇਵਾਵਾਂ ਨਿਭਾਅ ਰਹੇ ਸਿਹਤ ਵਿਭਾਗ ਦੇ ਸਟਾਫ ਨੂੰ ਹੱਲਾਸ਼ੇਰੀ ਦੇਣ ਅੱਜ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਸਿਵਲ ਹਸਪਤਾਲ ਪੁੱਜੇ ਅਤੇ ਸਿਹਤ ਅਮਲੇ ਨਾਲ ਚਾਹ ਦਾ ਕੱਪ ਸਾਂਝਾ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਸਮੂਹ ਨਰਸਾਂ ਨੂੰ ਕੌਮਾਂਤਰੀ ਨਰਸ ਦਿਵਸ ਦੀ ਵਧਾਈ ਦਿੱਤੀ। ਇਸ ਮੌਕੇ ਸਿਵਲ ਸਰਜਨ ਬਰਨਾਲਾ ਡਾ. ਗੁਰਿੰਦਰਬੀਰ ਸਿੰਘ, ਐਸਐਮਓ ਡਾ. ਤਪਿੰਦਰਜੋਤ ਕੌਸ਼ਲ, ਮੈਡੀਲਕ ਸਟਾਫ, ਪੈਰਾ ਮੈਡੀਕਲ ਸਟਾਫ ਤੇ ਮਾਸ ਮੀਡੀਆ ਵਿੰਗ  ਸਟਾਫ ਹਾਜ਼ਰ ਸੀ।
ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਆਖਿਆ ਕਿਹਾ ਕਿ ਕਰੋਨਾ ਵਾਇਰਸ ਦੀ ਮਹਾਮਾਰੀ ਦੇ ਚਲਦਿਆਂ ਸਿਹਤ ਵਿਭਾਗ ਆਪਣੀਆਂ ਸੇਵਾਵਾਂ ਤਨਦੇਹੀ ਨਾਲ ਨਿਭਾਉਣ ਵਿਚ ਜੁਟਿਆ ਹੋਇਆ ਹੈ ਅਤੇ ਇਸ ਵਿਭਾਗ ਦੇ ਮੂਹਰਲੀ ਕਤਾਰ ਦੇ ਯੋਧਿਆਂ ਦੀਆਂ ਸੇਵਾਵਾਂ ਦੇ ਬਦੌਲਤ ਹੀ ਜ਼ਿਲ੍ਹਾ ਬਰਨਾਲਾ ਵਿਚ ਕਰੋਨਾ ਵਾਇਰਸ ਕੰਟਰੋਲ ਹੇਠ ਹੈ। ਇਸ ਮੌਕੇ ਉਨ੍ਹਾਂ ਜ਼ਿਲ੍ਹੇ ਦੇ ਆਈਸੋਲੇਸ਼ਨ ਵਾਰਡਾਂ ਵਿਚ ਕਰੋਨਾ ਮਰੀਜ਼ਾਂ ਲਈ ਸਹੂਲਤਾਂ ਅਤੇ ਉਨ੍ਹਾਂ ਦੀ ਸ Î ਥਿਤੀ ਬਾਰੇ ਚਰਚਾ ਕੀਤੀ, ਜਿਸ ਦੇ ਡਾਕਟਰ ਮਨਪ੍ਰੀਤ ਨੇ ਦੱਸਿਆ ਕਿ ਆਈਸੋਲੇਸ਼ਨ ਵਾਰਡ ਸੋਹਲ ਪੱਤੀ ਵਿਚ ਕਰੋਨਾ ਮਰੀਜ਼ ਚੜ੍ਹਦੀ ਕਲਾ ਵਿਚ ਹਨ ਅਤੇ ਉਨ੍ਹਾਂ ਨੂੰ ਮੈਡੀਕਲ ਸੇਵਾਵਾਂ ਦੇਣ ਦੇ ਨਾਲ ਨਾਲ ਉਨ੍ਹਾਂ ਦੇ ਮਿਆਰੀ ਮਨੋਰੰਜਨ, ਖੇਡਾਂ ਤੇ ਹੋਰ ਗਤੀਵਿਧੀਆਂ ਦਾ ਖਾਸ ਧਿਆਨ ਰੱਖਿਆ ਜਾ ਰਿਹਾ ਹੈ।
ਇਸ ’ਤੇ ਡਿਪਟੀ ਕਮਿਸ਼ਨਰ ਨੇ ਸਿਵਲ ਸਰਜਨ ਬਰਨਾਲਾ ਅਤੇ ਸਾਰੇ ਸਟਾਫ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਸਿਹਤ ਸੇਵਾਵਾਂ ’ਤੇ ਤਸੱਲੀ ਪ੍ਰਗਟਾਈ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਆਖਿਆ ਕਿ ਜੇਕਰ ਉਨ੍ਹਾਂ ਨੂੰ ਡਿਊਟੀ ਦੌਰਾਨ ਕਿਸੇ ਵੀ ਤਰ੍ਹਾਂ ਦੀ ਕੋਈ ਮੁਸ਼ਕਲ ਆਉਂਦੀ ਹੈ ਤਾਂ ਜ਼ਰੂਰ ਜ਼ਿਲ੍ਹਾ ਪ੍ਰਸ਼ਾਸਨ ਨੂੰ ਦੱਸਣ ਤਾਂ ਜੋ ਫੌਰੀ ਉਹ ਮੁਸ਼ਕਲ ਹੱਲ ਕੀਤੀ ਜਾ ਸਕੇ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਦੇ ਸਟਾਫ ਨਾਲ ਚਾਹ ਦਾ ਕੱਪ ਸਾਂਝਾ ਕੀਤਾ ਅਤੇ ਉਨ੍ਹਾਂ ਨੂੰ ਹੋਰ ਮਿਹਨਤ ਨਾਲ ਡਟੇ ਰਹਿਣ ਲਈ ਹੱਲਾਸ਼ੇਰੀ ਦਿੱਤੀ।